# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਆਨਾ ਵਿੱਚ, ਆਸਟ੍ਰੀਆ ਦੇ ਚਾਂਸਲਰ ਕੋਹਲ ਨੇਹਮਾ ਨਾਲ ਦੁਵੱਲੇ ਸਬੰਧਾਂ ਬਾਰੇ ਚਰਚਾ ਕੀਤੀ।
- ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ, ਅੱਜ 15 ਉਮੀਦਵਾਰਾਂ ਦੀ ਕਿਸਮਤ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਵਿਚ ਬੰਦ ਹੋ ਗਈ ਏ।
- ਪੰਜਾਬ ਵਿੱਚ ਇਸ ਵਾਰ ਸਰਕਾਰੀ ਵਿਭਾਗਾਂ ਵਿੱਚ ਤਾਇਨਾਤ ਮੁਲਾਜ਼ਮਾਂ ਦੇ ਤਬਾਦਲੇ, 15 ਜੁਲਾਈ ਤੋਂ 15 ਅਗਸਤ ਦਰਮਿਆਨ ਹੋਣਗੇ।

- CBSC ਨੇ ਸਪੱਸ਼ਟ ਕੀਤਾ ਏ ਕਿ ਮੌਜੂਦਾ ਪਾਠ ਪੁਸਤਕਾਂ ਵਿੱਚ ਬਦਲਾਅ, ਸਿਰਫ਼ ਤੀਜੀ ਤੇ 6ਵੀਂ ਜਮਾਤਾਂ ਲਈ ਕੀਤਾ ਗਿਆ ਏ, ਨਾ ਕਿ ਹੋਰ ਜਮਾਤਾਂ ਲਈ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਆਨਾ ਵਿੱਚ, ਆਸਟ੍ਰੀਆ ਦੇ ਚਾਂਸਲਰ ਕੋਹਲ ਨੇਹਮਾ ਨਾਲ ਦੁਵੱਲੇ ਸਬੰਧਾਂ ਬਾਰੇ ਚਰਚਾ ਕੀਤੀ। ਮੀਟਿੰਗ ਵਿੱਚ ਵਪਾਰ ਤੇ ਨਿਵੇਸ਼, ਵਿਗਿਆਨ ਤੇ ਤਕਨਾਲੋਜੀ, ਹਰੀ ਊਰਜਾ, ਸਟਾਰਟ-ਅੱਪ, ਵਾਤਾਵਰਣ ਤੇ ਜਲਵਾਯੂ ਤਬਦੀਲੀ, ਸੱਭਿਆਚਾਰਕ ਸਹਿਯੋਗ ਅਤੇ ਆਪਸੀ ਸਬੰਧਾਂ ਨੂੰ ਸ਼ਾਮਲ ਕੀਤਾ ਗਿਆ। ਦੋਵਾਂ ਨੇਤਾਵਾਂ ਨੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਵਿਸ਼ਵ ਮੁੱਦਿਆਂ 'ਤੇ ਵੀ ਚਰਚਾ ਕੀਤੀ। ਮੀਟਿੰਗ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ, ਜਲਵਾਯੂ ਤਬਦੀਲੀ ਅਤੇ ਅੱਤਵਾਦ ਸਮੇਤ ਮਨੁੱਖਤਾ ਨੂੰ ਦਰਪੇਸ਼ ਸਭ ਤੋਂ ਵੱਡੀਆਂ ਚੁਣੌਤੀਆਂ ਬਾਰੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਆਸਟ੍ਰੀਆ ਨੂੰ ਭਾਰਤ ਦੀਆਂ ਪਹਿਲ-ਕਦਮੀਆਂ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਏ, ਜਿਸ ਵਿੱਚ ਕੌਮਾਂਤਰੀ ਸੋਲਰ

ਅਲਾਇੰਸ, ਡਿਜ਼ਾਸਟਰ ਰੈਜ਼ੀਲੈਂਟ ਇਨਫਰਾ-ਸਟਰੱਕਚਰ ਅਤੇ ਬਾਇਓ-ਫਿਊਲ ਅਲਾਇੰਸ ਸ਼ਾਮਲ ਨੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਲੋਕਤੰਤਰ ਅਤੇ ਕਾਨੂੰਨ ਦੇ ਸ਼ਾਸਨ ਵਰਗੀਆਂ ਕਦਰਾਂ - ਕੀਮਤਾਂ ਵਿੱਚ ਸਾਂਝਾ ਵਿਸ਼ਵਾਸ ਭਾਰਤ ਅਤੇ ਆਸਟ੍ਰੀਆ ਦਰਮਿਆਨ ਸਬੰਧਾਂ ਦੀ ਮਜ਼ਬੂਤ ਨੀਂਹ ਏ। ਉਨ੍ਹਾਂ ਕਿਹਾ ਕਿ ਆਪਸੀ ਵਿਸ਼ਵਾਸ ਅਤੇ ਸਾਂਝੇ ਹਿੱਤਾਂ ਨਾਲ ਰਿਸ਼ਤੇ ਮਜ਼ਬੂਤ ਹੁੰਦੇ ਨੇ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਕੱਲ੍ਹ ਆਪਣੀ ਦੋ ਦੇਸ਼ਾਂ ਦੀ ਯਾਤਰਾ ਦੇ ਦੂਜੇ ਪੜਾਅ 'ਤੇ ਮਾਸਕੋ ਤੋਂ ਵਿਆਨਾ ਪਹੁੰਚੇ। ਭਾਰਤੀ ਭਾਈਚਾਰੇ ਦੇ ਮੈਂਬਰਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

---------------------------------------------------------------

ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਅੱਜ 15 ਉਮੀਦਵਾਰਾਂ ਦੀ ਕਿਸਮਤ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਵਿਚ ਬੰਦ ਹੋ ਗਈ ਏ। ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਕੀਤੀ ਜਾਵੇਗੀ। ਮੁਖ ਮੁਕਾਬਲਾ BJP ਦੇ ਸ਼ੀਤਲ ਅੰਗੁਰਾਲ, ਆਮ ਆਦਮੀ ਪਾਰਟੀ ਦੇ ਮੋਹਿੰਦਰ ਭਗਤ ਅਤੇ ਕਾਂਗਰਸ ਦੇ ਸੁਰਿੰਦਰ ਕੌਰ ਵਿਚਾਲੇ

ਏ। ਸ਼ਾਮ ਪੰਜ ਵੱਜੇ ਤਕ 51.30 ਫੀਸਦੀ ਪੋਲਿੰਗ ਦਰਜ਼ ਕੀਤੀ ਗਈ। ਵੋਟਿੰਗ ਹੁਣ ਤੋਂ ਥੋੜ੍ਹੀ ਦੇਰ ਪਹਿਲਾਂ 6 ਵਜੇ ਮੁਕੰਮਲ ਹੋਈ ਏ ਅਤੇ ਵੋਟ ਫੀਸਦ ਦੇ ਵਧਣ ਦੀ ਸੰਭਾਵਨਾ ਏ।

***ਹੋਰ ਵੇਰਵਾ ਇਸ ਰਿਪੋਰਟ ਵਿਚ : ਡਿਸਪੈਚ: ਸਵੇਰੇ 7 ਵਜੇ ਮੱਠੀ ਰਫ਼ਤਾਰ ਨਾਲ ਸ਼ੁਰੂ ਹੋਏ ਪੋਲਿੰਗ ਦੇ ਸਿਲਸਿਲੇ ਨੇ ਹੋਲੀ ਹੋਲੀ ਰਫਤਾਰ ਫੜ੍ਹੀ । ਪਹਿਲੇ ਦੋ ਘੰਟਿਆਂ ਵਿੱਚ ਸਿਰਫ 10 ਇਸ਼ਾਰਿਆ 3-0 ਫੀਸਦੀ ਵੋਟਰਾਂ ਨੇ ਹੀ ਆਪਣੀ ਵੋਟ ਭੁਗਤਾਈ ਅਤੇ 11 ਵਜੇ ਤੱਕ ਇਹ ਅੰਕੜਾ 23 ਇਸ਼ਾਰਿਆ 0-4 ਫੀਸਦੀ ਤੇ ਹੀ ਪੁੱਜਾ । ਇਕ ਵਜੇ ਤਕ 34 ਇਸ਼ਾਰਿਆ 0 -4 , ਤਿੰਨ ਵਜੇ ਤਕ 42 ਇਸ਼ਾਰਿਆ 6-0 ਫੀਸਦੀ ਵੋਟਰ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰ ਚੁਕੇ ਸਨ। ਕੁਲ ਇਕ ਲੱਖ 72 ਹਜ਼ਾਰ ਤੋਂ ਵੱਧ ਵੋਟਰਾਂ ਲਈ 181 ਪੋਲਿੰਗ ਸਟੇਸ਼ਨ ਬਣਾਏ ਗਏ ਅਤੇ ਪੂਰੇ ਹਲਕੇ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕਰਦਿਆਂ ਵਾਧੂ ਗਿਣਤੀ ਵਿੱਚ ਸੁਰੱਖਿਆ ਬਲ ਤਾਇਨਾਤ ਕੀਤੇ ਗਏ ਸਨ । 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਸ਼ੀਤਲ ਅੰਗੁਰਾਲ ਆਮ ਆਦਮੀ ਪਾਰਟੀ***

*ਦੀ ਟਿਕਟ 'ਤੇ ਵਿਧਾਇਕ ਚੁਣੇ ਗਏ ਸਨ ਪਰ ਹਾਲ ਹੀ 'ਚ ਹੋਈਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਉਹ ਭਾਜਪਾ 'ਚ ਸ਼ਾਮਲ ਹੋ ਗਏ ਸਨ, ਜਿਸ 'ਤੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਉਨ੍ਹਾਂ ਦੀ ਵਿਧਾਨ ਸਭਾ ਮੈਂਬਰੀ ਰੱਦ ਕਰ ਦਿੱਤੀ ਸੀ ਅਤੇ ਜ਼ਿਮਨੀ ਚੋਣ ਕਰਵਾਉਣੀ ਪਾਈ ਏ ।ਭਾਵੇਂ ਚੋਣ ਦਾ ਅਮਲ ਅਮਨ ਅਮਨ ਨਾਲ ਪੂਰਾ ਹੋਇਆ ਪਰ ਵੱਖ ਵੱਖ ਪਾਰਟੀਆਂ ਨੇ ਇਕ ਦੂਜੇ ਤੇ ਧੱਕੇਸ਼ਾਹੀ ਦੇ ਦੋਸ਼ ਲਗਾਏ। ਭਾਜਪਾ ਉਮੀਦਵਾਰ ਸ਼ੀਤਲ ਅੰਗੂਰਾਲ ਨੇ ਆਮ ਆਦਮੀ ਪਾਰਟੀ ਤੇ ਬਾਹਰਲੇ ਇਲਾਕਿਆਂ ਦੇ ਆਗੂਆਂ ਨੂੰ ਹਲਕੇ ਵਿਚ ਲਿਆਉਣ ਦਾ ਦੋਸ਼ ਲਾਇਆ ਜਦਕਿ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾਵੜਿੰਗ ਨੇ ਕਿਹਾ ਕਿ ਹਲਕੇ ਵਿਚ ਧੱਕੇਸ਼ਾਹੀ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।*

*ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------------------

ਕੇਂਦਰ ਸਰਕਾਰ ਨੇ ਸਿੱਖਸ ਫਾਰ ਜਸਟਿਸ 'ਤੇ ਪਾਬੰਦੀ ਅਗਲੇ ਪੰਜ ਸਾਲ ਲਈ ਵਧਾ ਦਿੱਤੀ ਏ । ਗ੍ਰਿਹ ਮੰਤਰਾਲੇ ਨੇ ਕਲ ਇਸ ਸਬੰਧੀ

ਨੋਟੀਫਿਕੇਸ਼ਨ ਜਾਰੀ ਕਰਦੇ ਹੋਏ ਕਿਹਾ ਕਿ ਸਿੱਖਸ ਫਾਰ ਜਸਟਿਸ ਪੰਜਾਬ ਸਮੇਤ ਹੋਰ ਥਾਵਾਂ 'ਤੇ ਰਾਸ਼ਟਰ ਵਿਰੋਧੀ ਤੇ ਤਬਾਹਕੁਨ ਸਰਗਰਮੀਆਂ ਵਿਚ ਸ਼ਾਮਲ ਏ । ਇਸ ਸੰਗਠਨ 'ਤੇ ਪਹਿਲੀ ਵਾਰ 2019 ਵਿਚ ਗ਼ੈਰ ਕਾਨੂੰਨੀ ਸਰਗਰਮੀ ਰੋਕਥਾਮ ਐਕਟ ਯੂ ਏ ਪੀ ਏ ਤਹਿਤ ਪਾਬੰਦੀ ਲਾਈ ਗਈ ਸੀ ਅਤੇ 2020 ਵਿਚ ਸਿੱਖਸ ਫਾਰ ਜਸਟਿਸ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੂੰ ਵੀ ਅੱਤਵਾਦੀ ਐਲਾਨਿਆ ਗਿਆ ਸੀ । ਨੋਟੀਫਿਕੇਸ਼ਨ ਮੁਤਾਬਕ ਸਿੱਖਸ ਫਾਰ ਜਸਟਿਸ ਹੁਣ ਵੀ ਅੱਤਵਾਦੀ ਸੰਗਠਨਾਂ ਤੇ ਕਾਰਕੁਨਾਂ ਦੇ ਸੰਪਰਕ 'ਚ ਏ। ਇਹ ਨੋਟੀਫਿਕੇਸ਼ਨ ਅੱਜ ਤੋਂ ਅਗਲੇ ਪੰਜ ਸਾਲਾਂ ਲਈ ਲਾਗੂ ਹੋਵੇਗਾ ।

---------------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਸ਼ੰਭੂ ਬਾਰਡਰ ਨੂੰ ਇੱਕ ਹਫ਼ਤੇ ਵਿੱਚ ਖੋਲ੍ਹਣ ਦੇ ਹੁਕਮ ਦਿੱਤੇ ਨੇ। ਇਸ ਸਬੰਧੀ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ ਸੀ। ਇਸ ਪਟੀਸ਼ਨ ਦੀ ਅੱਜ ਸੁਣਵਾਈ ਕਰਦਿਆਂ ਹਾਈਕੋਰਟ ਨੇ, ਹਰਿਆਣਾ ਸਰਕਾਰ ਨੂੰ ਕਿਹਾ ਕਿ ਉਹ ਇੱਕ ਹਫ਼ਤੇ ਦੇ ਅੰਦਰ ਸੜਕ ਨੂੰ ਸਾਫ਼ ਕਰੇ ਅਤੇ ਉਥੋਂ

ਬੈਰੀਕੇਡ ਹਟਾ ਦਿੱਤੇ ਜਾਣ । ਹਾਈ ਕੋਰਟ ਨੇ ਕਿਹਾ ਕਿ ਸ਼ੰਭੂ ਸਰਹੱਦ 'ਤੇ ਸਥਿਤੀ ਸ਼ਾਂਤੀਪੂਰਨ ਏ।

--------------------------------------------------------

ਕੌਮੀ ਮੱਛੀ ਪਾਲਕ ਦਿਵਸ ਦੇ ਮੌਕੇ, ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜ਼ਿਲ੍ਹੇ ਦੇ ਮੱਛੀ ਪਾਲਕਾਂ, ਮੱਛੀ ਵਿਕਰੇਤਾਵਾਂ ਅਤੇ ਮੱਛੀ ਪਾਲਣ ਦੇ ਧੰਦੇ ਨਾਲ ਜੁੜੇ ਹੋਰ ਕਿਸਾਨਾਂ ਨੂੰ ਵਧਾਈ ਦਿੰਦਿਆ ਕਿਹਾ ਕਿ ਮੱਛੀ ਪਾਲਣ ਦਾ ਕਿੱਤਾ ਖੇਤੀਬਾੜੀ ਵਿੱਚ ਵਿਭਿੰਨਤਾ ਲਿਆਉਣ ਲਈ ਬਹੁਤ ਲਾਹੇਵੰਦ ਧੰਦਾ ਸਾਬਤ ਹੋ ਰਿਹਾ ਏ । ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਮੱਛੀ ਪਾਲਣ ਧੰਦੇ ਨੂੰ ਉਤਸ਼ਾਹਿਤ ਕਰਨ ਲਈ ਮੁਹਈਆ ਕਰਵਾਈਆਂ ਜਾਂਦੀਆਂ ਤਕਨੀਕੀ ਅਤੇ ਵਿੱਤੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ । ਡਾ ਪੱਲਵੀ ਵੱਲੋਂ ਪ੍ਰਧਾਨ ਮੰਤਰੀ ਮਤੱਸਿਆ ਸੰਪਦਾ ਯੋਜਨਾ ਅਧੀਨ ਸਹਾਇਤਾ ਪ੍ਰਾਪਤ 2 ਲਾਭਪਾਤਰੀਆਂ ਨੂੰ ਆਇਸ-ਬਾਕਸ ਸਮੇਤ ਮੋਟਰ- ਸਾਇਕਲ ਦੀਆਂ ਚਾਬੀਆਂ ਸੌਪੀਆਂ ਗਈਆਂ।

------------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ। ਫਰੀਦਕੋਟ ਜ਼ਿਲੇ ਸਾਬਕਾ DSP ਹਰਜਿੰਦਰ ਸਿੰਘ ਧਾਲੀਵਾਲ ਅਨੁਸਾਰ ਨਵੇਂ ਕਾਨੂੰਨਾਂ ਮੁਤਾਬਿਕ ਵੀਡੀਓਗ੍ਰਾਫੀ ਦੀ ਸਹੂਲਤ ਕਾਫੀ ਫਾਇਦੇਮੰਦ ਹੋਵੇਗੀ।

BYTE:

ਏਧਰ ਮੋਗਾ ਜ਼ਿਲੇ ਤੋਂ ਕਾਨੂੰਨ ਮਾਹਰ ਅਤੇ ਕਾਨੂੰਨ ਦੀ ਸਿਖਿਆ ਲੈ ਰਹੀ ਵਿਦਿਆਰਥਣ ਦਾ ਕਹਿਣਾ ਏ ਕਿ ਇਨਾ ਕਾਨੂੰਨਾਂ ਨਾਲ ਲੋਕਾਂ ਨੂੰ ਛੇਤੀ ਨਿਆਂ ਮਿਲੇਗਾ

BYTE:

------------------------------------------------------------

ਐੱਨ ਸੀ ਸੀ ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ ਹੈੱਡਕੁਆਰਟਰ ਦੇ ਐਡੀਸ਼ਨਲ ਡਾਇਰੈਕਟਰ ਜਨਰਲ, ਮੇਜਰ

ਜਨਰਲ ਮਨਜੀਤ ਸਿੰਘ ਮੋਖਾ ਨੇ ਐੱਨ ਸੀ ਸੀ ਗਰੁੱਪ ਹੈਡਕੁਆਟਰ ਜਲੰਧਰ ਵਿੱਚ ਸਲਾਨਾ ਪ੍ਰਸ਼ਾਸਨਿਕ ਨਿਰੀਖਣ ਕੀਤਾ। ਉਨਾਂ ਭਾਰਤੀ ਥਲ ਸੈਨਾ ਅਤੇ ਹਵਾਈ ਸੈਨਾ ਦੇ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ। ਕੁੜੀਆਂ ਦੀ ਐੱਨ ਸੀ ਸੀ ਟੁਕੜੀ ਨੇ ਉਨਾਂ ਨੂੰ ਗਾਰਡ ਆਫ਼ ਆਨਰ ਤੇ ਸਲਾਮੀ ਦਿੱਤੀ। ਗਰੁੱਪ ਕਮਾਂਡਰ ਜਲੰਧਰ ਬ੍ਰਿਗੇਡੀਅਰ ਅਜੇ ਤਿਵਾਰੀ ਨੇ ਜਨਰਲ ਮਨਜੀਤ ਸਿੰਘ ਨੂੰ ਸਲਾਨਾ ਰਿਪੋਰਟ, ਵੱਖ-ਵੱਖ ਮੁਕਾਬਲਿਆਂ ਅਤੇ ਐੱਨ ਸੀ ਸੀ ਦੀਆਂ ਗਤੀਵਿਧੀਆਂ ਸਬੰਧੀ ਵਿਸਤ੍ਰਿਤ ਜਾਣਕਾਰੀ ਦਿੱਤੀ। ਜਨਰਲ ਮਨਜੀਤ ਸਿੰਘ ਨੇ ਗਰੁੱਪ ਕਮਾਂਡਰ ਅਤੇ ਬਾਕੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਕਿ ਨੌਜਵਾਨਾ ਨੂੰ ਐੱਨ ਸੀ ਸੀ ਵੱਲ ਆਕਰਸ਼ਿਤ ਕਰਨ ਲਈ ਹੋਰ ਵੱਧ ਉਪਰਾਲੇ ਕੀਤੇ ਜਾਣ ਅਤੇ ਮਹਿਲਾ ਸਸ਼ਕਤੀਕਰਨ ਲਈ ਐੱਨ ਸੀ ਸੀ ਵਿੱਚ ਕੁੜੀਆਂ ਦੀ ਗਿਣਤੀ ਵਧਾਈ ਜਾਵੇ। ਉਨ੍ਹਾਂ ਵਨ ਏਅਰ ਸਕਵਾਰਡਨ ਵਿੱਚ ਚੱਲ ਰਹੇ ਸਾਂਝੇ ਸਾਲਾਨਾ ਟ੍ਰੇਨਿੰਗ ਕੈਂਪ ਵਿੱਚ ਏਅਰ ਅਤੇ ਥਲ ਸੈਨਾ ਦੇ ਕੈਡਿਟਸ ਨਾਲ ਗੱਲਬਾਤ ਕਰਕੇ ਉਨਾਂ ਨੂੰ ਜ਼ਿੰਦਗੀ ਦੇ ਮੂਲ ਮੰਤਰ ਦੱਸੇ।

---

ਪੰਜਾਬ ਵਿੱਚ ਇਸ ਵਾਰ ਸਰਕਾਰੀ ਵਿਭਾਗਾਂ ਵਿੱਚ ਤਾਇਨਾਤ ਮੁਲਾਜ਼ਮਾਂ ਦੇ ਤਬਾਦਲੇ, 15 ਜੁਲਾਈ ਤੋਂ 15 ਅਗਸਤ ਦਰਮਿਆਨ ਹੋਣਗੇ। ਇਸ ਤੋਂ ਬਾਅਦ ਕਿਸੇ ਵੀ ਵਿਭਾਗ ਵਿੱਚ ਤਬਾਦਲੇ ਨਹੀਂ ਹੋਣਗੇ। ਪੰਜਾਬ ਸਰਕਾਰ ਦੇ ਅਮਲਾ ਵਿਭਾਗ ਨੇ ਇਸ ਸਬੰਧੀ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਨੇ। ਤਬਾਦਲੇ 23 ਅਪ੍ਰੈਲ ਨੂੰ ਜਾਰੀ ਕੀਤੀ ਤਬਾਦਲਾ ਨੀਤੀ ਅਨੁਸਾਰ ਕੀਤੇ ਜਾਣਗੇ। ਸੂਬਾ ਸਰਕਾਰ ਨੇ ਸੱਤਾ 'ਚ ਆਉਂਦੇ ਹੀ ਇਹ ਫੈਸਲਾ ਕੀਤਾ ਸੀ ਕਿ ਮੁਲਾਜ਼ਮਾਂ ਦੇ ਤਬਾਦਲੇ ਨਿਰਧਾਰਤ ਸਮੇਂ ਅੰਦਰ ਕੀਤੇ ਜਾਣਗੇ। ਤਬਾਦਲੇ ਦੀ ਪ੍ਰਕਿਰਿਆ ਪੂਰੇ ਸਾਲ ਤੱਕ ਜਾਰੀ ਨਹੀਂ ਰਹੇਗੀ।

---

ਕੇਂਦਰੀ ਸੈਕੰਡਰੀ ਸਿਖਿਆ ਬੋਰਡ CBSC ਨੇ ਸਪੱਸ਼ਟ ਕੀਤਾ ਏ ਕਿ ਮੌਜੂਦਾ ਪਾਠ ਪੁਸਤਕਾਂ ਵਿੱਚ ਬਦਲਾਅ ਸਿਰਫ਼ ਤੀਜੀ ਅਤੇ 6ਵੀਂ ਜਮਾਤਾਂ ਲਈ ਕੀਤਾ ਗਿਆ ਏ ਨਾ ਕਿ ਹੋਰ ਜਮਾਤਾਂ ਲਈ। ਸਕੂਲਾਂ ਨੂੰ ਹਦਾਇਤ ਕੀਤੀ ਗਈ ਏ ਕਿ ਉਹ ਤੀਜੀ ਅਤੇ ਛੇਵੀਂ ਜਮਾਤ ਨੂੰ ਛੱਡ ਕੇ

ਬਾਕੀ ਜਮਾਤਾਂ ਲਈ ਉਨਾਂ ਪਾਠ-ਪੁਸਤਕਾਂ ਦੀ ਵਰਤੋਂ ਜਾਰੀ ਰੱਖਣ ਜਿਵੇਂ ਕਿ ਉਨ੍ਹਾਂ ਪਿਛਲੇ ਵਿੱਦਿਅਕ ਵਰ੍ਹੇ ਵਿੱਚ ਕੀਤਾ ਸੀ।

---------------------------------------------------------

ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਦੀ ਅਗਵਾਈ ਵਿੱਚ, ਨਸ਼ਿਆਂ ਖਿਲਾਫ਼ ਜਾਗਰੂਕਤਾ ਲਈ ਇੱਕ ਵੱਡਾ ਅਭਿਆਨ ਆਰੰਭਿਆ ਗਿਆ ਏ ਅਤੇ ਇਸ ਦੇ ਸੂਤਰਧਾਰ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ ਹੋਣਗੇ, ਜਿਹੜੇ ਨਾਟਕਾਂ ਰਾਹੀਂ ਆਪਣੇ ਸਹਿ-ਪਾਠੀਆਂ ਤੇ ਸਮਾਜ ਨੂੰ ਨਸ਼ਿਆਂ ਦੇ ਕੋਹੜ ਤੋਂ ਜਾਗਰੂਕ ਕਰਨ ਲਈ ਅਲਖ ਜਗਾਉਣਗੇ। ਹਰਪ੍ਰੀਤ ਸਿੰਘ ਸੂਦਨ ਨੇ ਦੱਸਿਆ ਕਿ ਇਸ ਪ੍ਰੋਜੈਕਟ ਲਈ ਮਲੋਟ ਦੇ SDM ਡਾ ਸੰਜੀਵ ਕੁਮਾਰ ਨੂੰ ਨੋਡਲ ਅਫਸਰ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਸਹਾਇਕ ਨੋਡਲ ਅਫਸਰ ਨਾਮਜ਼ਦ ਕੀਤਾ ਗਿਆ ਏ। ਪ੍ਰੋਜੈਕਟ ਤਹਿਤ ਨਸ਼ਿਆਂ ਖਿਲਾਫ ਜਾਗਰੂਕਤਾ ਲਈ ਨਾਟਕ ਦੀ ਸਕ੍ਰਿਪਟ ਸਾਰੇ ਸਕੂਲਾਂ ਤੇ ਕਾਲਜਾਂ ਨੂੰ ਦਿੱਤੀ ਜਾਵੇਗੀ ਅਤੇ ਹਰੇਕ ਪ੍ਰਾਈਵੇਟ ਤੇ ਸਰਕਾਰੀ ਸਕੂਲ ਕਾਲਜ ਦੀ ਟੀਮ ਇਨਾਂ ਨਾਟਕਾਂ ਦੀ ਤਿਆਰੀ ਕਰਕੇ ਨਾਟਕਾਂ ਦਾ ਮੰਚਨ ਕਰੇਗੀ।

---

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਜਾਅਲੀ ਅਸਲਾ ਲਾਇਸੈਂਸ ਬਣਾਉਣ ਵਾਲੇ ਗਿਰੋਹ ਦੇ ਦੋ ਮੈਂਬਰ ਅਤੇ ਛੇ ਜਾਅਲੀ ਅਸਲਾ ਲਾਇਸੰਸ-ਧਾਰਕਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਰੈਕੇਟ ਦਾ ਪਰਦਾਫਾਸ਼ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਏ । ਇਹ ਜਾਣਕਾਰੀ ਪੰਜਾਬ ਦੇ DGP  ਗੌਰਵ ਯਾਦਵ ਨੇ ਦਿੱਤੀ ਏ। ਇਹ ਰੈਕੇਟ ਤਰਨਤਾਰਨ ਸੇਵਾ ਕੇਂਦਰ ਤੋਂ ਜ਼ਿਲ੍ਹਾ ਮੈਨੇਜਰ ਸੂਰਜ ਭੰਡਾਰੀ ਦੀ ਮਿਲੀਭੁਗਤ ਨਾਲ ਚਲਾਇਆ ਜਾ ਰਿਹਾ ਸੀ । ਸੂਰਜ ਭੰਡਾਰੀ ਫਰਾਰ ਏ। DGP ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਗਿਰੋਹ ਦੇ ਮੈਂਬਰਾਂ ਵਿੱਚ ਤਰਨਤਾਰਨ ਸੇਵਾ ਕੇਂਦਰ ਦਾ ਮੁਲਾਜਮ ਹਰਪਾਲ ਸਿੰਘ ਅਤੇ ਇੱਕ ਫੋਟੋਸਟੇਟ ਦੁਕਾਨ ਦਾ ਮਾਲਕ ਬਲਜੀਤ ਸਿੰਘ ਸ਼ਾਮਲ ਨੇ। ਬਲਜੀਤ ਸਿੰਘ ਨੇ ਜਾਅਲੀ ਅਸਲਾ ਲਾਇਸੈਂਸ ਬਣਾਉਣ ਲਈ ਆਧਾਰ ਕਾਰਡ ਅਤੇ ਅਸਲਾ ਲਾਇਸੈਂਸ ਪ੍ਰੋਫਾਰਮਾ ਸਮੇਤ ਜਰੂਰੀ ਪਛਾਣ ਪੱਤਰਾਂ ਨਾਲ ਛੇੜਛਾੜ ਕਰਨ ਦੀ ਗੱਲ ਕਬੂਲ ਕੀਤੀ ਏ । ਪੁਲਿਸ ਟੀਮਾਂ ਨੇ ਇਕ ਲੈਪਟਾਪ ਵੀ ਬਰਾਮਦ ਕੀਤਾ ਏ ਜਿਸ ਵਿੱਚ ਵੱਖ-ਵੱਖ ਸੰਪਾਦਿਤ

ਦਸਤਾਵੇਜ਼ਾਂ ਦੇ ਵੇਰਵੇ ਅਤੇ ਦਸਤਾਵੇਜ਼ਾਂ ਨਾਲ ਛੇੜਛਾੜ ਕਰਨ ਲਈ ਵਰਤੇ ਜਾਂਦੇ ਆਨਲਾਈਨ ਓਪਨ ਸੋਰਸ ਸਾਫਟਵੇਅਰ ਸ਼ਾਮਲ ਨੇ।

--------------------------------------------------

ਜਲੰਧਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਅੱਜ ਸ਼ਾਮ ਮੌਸਮ ਨੇ ਅਚਾਨਕ ਕਰਵਟ ਲਈ ਤੇ ਕੁਝ ਦੇਰ ਤਕ ਤੇਜ਼ ਹਵਾਵਾਂ ਨਾਲ ਮੀਂਹ ਦੇ ਛਿੱਟੇ ਪਏ। ਇਸ ਨਾਲ ਮੌਸਮ ਖੁਸ਼ਗਵਾਰ ਬਣ ਗਿਆ ਏ ਅਤੇ ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਮਾਮੂਲੀ ਰਾਹਤ ਮਿਲੀ ਏ। ਏਧਰ ਅੰਮ੍ਰਿਤਸਰ ਜ਼ਿਲੇ ਦੇ ਕਈ ਇਲਾਕਿਆਂ ਵਿਚ ਮੀਂਹ ਪੈਣ ਦੀ ਖ਼ਬਰ ਏ। ਮੌਸਮ ਵਿਭਾਗ ਨੇ ਅੱਜ ਤੇ ਕਲ ਮੌਸਮ ਦੇ ਖੁਸ਼ਕ ਰਹਿਣ ਦੀ ਸੰਭਾਵਨਾ ਦੱਸੀ ਏ।

--------------------------------------------------

## <u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਆਨਾ ਵਿੱਚ, ਆਸਟ੍ਰੀਆ ਦੇ ਚਾਂਸਲਰ ਕੋਹਲ ਨੇਹਮਾ ਨਾਲ ਦੁਵੱਲੇ ਸਬੰਧਾਂ ਬਾਰੇ ਚਰਚਾ ਕੀਤੀ।

- ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ, ਅੱਜ 15 ਉਮੀਦਵਾਰਾਂ ਦੀ ਕਿਸਮਤ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਵਿਚ ਬੰਦ ਹੋ ਗਈ ਏ।
- ਪੰਜਾਬ ਵਿੱਚ ਇਸ ਵਾਰ ਸਰਕਾਰੀ ਵਿਭਾਗਾਂ ਵਿੱਚ ਤਾਇਨਾਤ ਮੁਲਾਜ਼ਮਾਂ ਦੇ ਤਬਾਦਲੇ, 15 ਜੁਲਾਈ ਤੋਂ 15 ਅਗਸਤ ਦਰਮਿਆਨ ਹੋਣਗੇ।
- CBSC ਨੇ ਸਪੱਸ਼ਟ ਕੀਤਾ ਏ ਕਿ ਮੌਜੂਦਾ ਪਾਠ ਪੁਸਤਕਾਂ ਵਿੱਚ ਬਦਲਾਅ, ਸਿਰਫ਼ ਤੀਜੀ ਤੇ 6ਵੀਂ ਜਮਾਤਾਂ ਲਈ ਕੀਤਾ ਗਿਆ ਏ, ਨਾ ਕਿ ਹੋਰ ਜਮਾਤਾਂ ਲਈ।